3-Jan-SNG+BNL-Pages.qxd 1/3/2022 10:50 PM Page 9

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ



ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ 4 ਜਨਵਰੀ ਨੂੰ ਸ਼ਾਮ 4.30 ਤੋਂ 5.30 ਵਜੇ ਤੱਕ **ਭਾਈ ਰਵਿੰਦਰ ਸਿੰਘ** ਤੇ 5 ਜਨਵਰੀ ਨੂੰ ਸਵੇਰੇ 4:00 ਤੋਂ 6:00 ਵਜੇ ਤੱਕ **ਭਾਈ ਰਵਿੰਦਰ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ.ਟੀ.ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 4 ਜਨਵਰੀ ਨੂੰ ਸ਼ਾਮ 4:30 ਤੋਂ 6:30 ਵਜੇ ਤੱਕ **ਭਾਈ ਰਵਿੰਦਰ ਸਿੰਘ** ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਨਰਿੰਦਰ ਸਿੰਘ** ਅਤੇ 5 ਜਨਵਰੀ ਨੂੰ ਸਵੇਰੇ 4:00 ਵਜੇ ਤੋਂ 7:45 ਵਜੇ ਤੱਕ **ਭਾਈ ਰਵਿੰਦਰ ਸਿੰਘ** ਤੇ **ਭਾਈ ਗੁਰਪ੍ਰੀਤ ਸਿੰਘ** ਕੀਰਤਨ ਕਰਨਗੇ।

ਮੁੱਖ ਵਾਕ ਦੀ ਕਥਾ : 4 ਜਨਵਰੀ ਨੂੰ ਗਿਆਨੀ ਸਤਨਾਮ ਸਿੰਘ ਖਡੂਰ ਸਾਹਿਬ ਤੇ 5 ਜਨਵਰੀ ਨੂੰ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਸ੍ਰੀ ਮੰਜੀ ਸਾਹਿਬ ਦੀਵਾਨ ਹਾਲ (ਸ੍ਰੀ ਹਰਿਮੰਦਰ ਸਾਹਿਬ) ਵਿਖੇ 7:45 ਵਜੇ ਤੋਂ 8:30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਪਿੰਡ ਚੂੰਘਾ ਵਿਖੇ ਸਜਾਏ ਨਗਰ ਕੀਰਤਨ ਦਾ ਦ੍ਰਿਸ਼। ਤਸਵੀਰ : ਸੋਨੀ ਚੀਮਾ

ਅਜੀਤ ਵੈਬ ਟੀ ਵੀ
ਅੱਜ ਦੇ ਵਿਸ਼ੇਸ਼ ਪ੍ਰੋਗਰਾਮ
ਲੋਕਾਂ ਦੀ ਕਚਹਿਰੀ-ਵਿਧਾਨ ਸਭਾ ਚੋਣਾਂ 2022
ਵੇਖੋ ਤਰਨ ਤਾਰਨ ਦੇ ਲੋਕਾਂ ਦਾ ਮੂਡ

ਵੇਖਣ ਲਈ ਕਲਿੱਕ ਕਰੋ : www.ajittv.com, youtube.com/ajitwebtv, facebook.com/dailyajit

ਪਿੰਡ ਹਮੀਦੀ ਵਿਖੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਜਾਏ ਗਏ ਨਗਰ ਕੀਰਤਨ ਦੀ ਅਗਵਾਈ ਕਰਦੇ ਹੋਏ ਪੰਜ ਪਿਆਰੇ। (ਸੱਜੇ) ਪਿੰਡ ਗਾਗੇਵਾਲ ਵਿਖੇ ਨਗਰ ਕੀਰਤਨ ਦੀ ਅਗਵਾਈ ਕਰਦੇ ਹੋਏ ਪੰਜ ਪਿਆਰੇ ਸਾਹਿਬਾਨ। ਤਸਵੀਰਾਂ : ਅਵਤਾਰ ਸਿੰਘ ਅਣਖੀ, ਸੁਰੇਸ਼ ਗੋਗੀ

ਵੱਖ-ਵੱਖ ਥਾਈਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਉਤਸਵ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ

ਮਹਿਲ ਕਲਾਂ, 3 ਜਨਵਰੀ (ਅਵਤਾਰ ਸਿੰਘ ਅਣਖੀ)-ਗੁਰਦੁਆਰਾ ਸਾਹਿਬ ਪ੍ਰਬੰਧਕ ਕਮੇਟੀ ਪਿੰਡ ਹਮੀਦੀ ਵਲੋਂ ਗਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਇਸ ਮੌਕੇ ਰਾਗੀ ਭਾਈ ਜਸਪਾਲ ਸਿੰਘ ਦੇ ਜਥੇ ਵਲੋਂ ਰਸਭਿੰਨਾ ਕੀਰਤਨ ਕਰ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਸ਼ਰਧਾਲੂ ਸੰਗਤਾਂ ਵਲੋਂ ਵੱਖ-ਵੱਖ ਪੜਾਵਾਂ ਉਪਰ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ। ਉੱਘੇ ਢਾਡੀ ਜਸਵਿੰਦਰ ਸਿੰਘ ਦੇ ਢਾਡੀ ਜਥੇ ਨੇ ਗੁਰਇਤਿਹਾਸ ਸੁਣਾਇਆ। ਇਸ ਮੌਕੇ ਕਮੇਟੀ ਦੇ ਪ੍ਰਧਾਨ ਭਾਈ ਏਕਮ ਸਿੰਘ, ਪ੍ਰਚਾਰ ਸਕੱਤਰ ਗ੍ਰੰਥੀ ਮਹਿੰਦਰ ਸਿੰਘ ਨੇ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀ ਸੰਗਤਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਜੀਵਨ ਕੁਰਬਾਨੀਆਂ ਭਰਿਆ ਇਤਿਹਾਸ ਹੈ ਕਿਉਂਕਿ ਉਨ੍ਹਾਂ ਨੇ ਆਪਣਾ ਪੂਰਾ ਪਰਿਵਾਰ ਵਾਰ ਕੇ ਸਿੱਖ ਕੌਮ ਦੀ ਰਾਖੀ ਕੀਤੀ। ਸਾਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਕੁਰਬਾਨੀਆਂ ਭਰੇ ਇਤਿਹਾਸ ਤੋਂ ਪ੍ਰੇਰਨਾ ਲੈ ਕੇ ਵਧੇਰੇ ਅੰਮ੍ਰਿਤਪਾਨ ਕਰ ਕੇ ਗੁਰਸਿੱਖੀ ਜੀਵਨ ਧਾਰਨ ਕਰਨਾ ਸਮੇਂ ਦੀ ਲੋੜ ਹੈ। ਇਸ ਮੌਕੇ ਸਰਪੰਚ ਜਸਪ੍ਰੀਤ ਕੌਰ ਮਾਂਗਟ, ਆੜ੍ਹਤੀਆ ਹਰਦਿਆਲ ਸਿੰਘ ਮਾਂਗਟ, ਸਮਾਜ ਸੇਵੀ ਜਸਵਿੰਦਰ ਸਿੰਘ ਮਾਂਗਟ, ਮੀਤ ਪ੍ਰਧਾਨ ਕੌਰ ਸਿੰਘ ਰਾਣੂ, ਤਰਲੋਚਨ ਸਿੰਘ ਬਾਜਵਾ, ਰਣਜੀਤ ਸਿੰਘ ਰਾਣੂ, ਭਜਨ ਸਿੰਘ, ਹਰਸੇਵ ਸਿੰਘ ਬੱਲੂ, ਸੁਦਾਗਰ ਸਿੰਘ ਹਮੀਦੀ ਆਦਿ ਤੋ ਇਲਾਵਾ ਸੰਗਤਾਂ ਵੱਡੀ ਗਿਣਤੀ ਵਿਚ ਹਾਜ਼ਰ ਸਨ।

ਪਿੰਡ ਚੂੰਘਾ ਵਿਖੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਸਜਾਏ

ਟੱਲੇਵਾਲ, (ਸੋਨੀ ਚੀਮਾ)-ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਅਵਤਾਰ ਦਿਹਾੜੇ ਨੂੰ ਸਮਰਪਿਤ ਪਿੰਡ ਚੂੰਘਾਂ ਦੇ ਗੁਰਦੁਆਰਾ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ, ਪੰਜ ਪਿਆਰੇ ਸਾਹਿਬਾਨ ਦੀ ਅਗਵਾਈ ਅਤੇ ਬਾਬਾ ਨਾਹਰ ਸਿੰਘ ਚੂੰਘਾ ਅਤੇ ਜਥੇਦਾਰ ਬਲਦੇਵ ਸਿੰਘ ਚੂੰਘਾ ਮੈਂਬਰ ਸ਼੍ਰੋਮਣੀ ਕਮੇਟੀ ਦੀ ਦੇਖਰੇਖ ਹੇਠ ਨਗਰ ਕੀਰਤਨ ਸਜਾਏ ਗਏ। ਇਸ ਨਗਰ ਕੀਰਤਨ ਦੌਰਾਨ ਪਿੰਡ ਵਿਚ ਸੱਤ ਪੜਾਅ ਕੀਤੇ ਗਏ ਜਿੱਥੇ ਨਗਰ ਕੀਰਤਨ ਦੇ ਸ਼ਾਨਦਾਰ ਸਵਾਗਤ ਉਪਰੰਤ ਵੱਖ-ਵੱਖ ਪਕਵਾਨਾਂ ਦੇ ਲੰਗਰ ਲਗਾਏ ਅਤੇ ਪੰਜ ਪਿਆਰੇ ਸਾਹਿਬਾਨ ਦਾ ਸਨਮਾਨ ਵੀ ਕੀਤਾ ਗਿਆ। ਇਸ ਨਗਰ ਕੀਰਤਨ ਦੌਰਾਨ ਰਾਗੀ ਭਾਈ ਰਘੁਵੀਰ ਸਿੰਘ ਨੇ ਗੁਰਬਾਣੀ ਦਾ ਕੀਰਤਨ ਕੀਤਾ ਅਤੇ ਢਾਡੀ ਜਥਾ ਰਮਨਦੀਪ ਸਿੰਘ ਦੀਵਾਨਾ ਤੇ ਕਵੀਸ਼ਰ ਦਰਸ਼ਨ ਸਿੰਘ ਲਾਲ ਸੇਰਪੁਰੀ ਦੇ ਜੱਥਿਆ ਨੇ ਧਾਰਮਿਕ ਪ੍ਰਸੰਗ ਸੁਣਾਏ। ਇਸ ਮੌਕੇ ਜਥੇਦਾਰ ਮਹਿੰਗਾ ਸਿੰਘ ਮੰਡੇਰ ਸਰਪੰਚ, ਕਰਨੈਲ ਸਿੰਘ ਆੜ੍ਹਤੀਆ, ਮੇਜਰ ਸਿੰਘ ਆੜ੍ਹਤੀਆ, ਬਿੱਕਰ ਸਿੰਘ ਆੜ੍ਹਤੀਆ, ਜਥੇਦਾਰ ਭੋਲਾ ਸਿੰਘ, ਪ੍ਰੀਤਮ ਸਿੰਘ ਪੰਚ, ਨਿਰਮਲ ਸਿੰਘ, ਗੁਰਚਰਨ ਸਿੰਘ, ਰਣਜੀਤ ਸਿੰਘ ਸਾਬਕਾ ਸਰਪੰਚ, ਡਾ. ਹਰਜਿੰਦਰ ਸਿੰਘ, ਪਿੰਦਾ ਸਿੰਘ, ਡਾ. ਮਲਕੀਤ ਸਿੰਘ, ਅਜਮੇਰ ਸਿੰਘ ਕੈਨੇਡੀਅਨ, ਗੁਰਦੇਵ ਸਿੰਘ ਸਾਬਕਾ ਪੰਚ, ਬਲਵਿੰਦਰ ਸਿੰਘ ਆਦਿ ਤੋਂ ਇਲਾਵਾ ਹੋਰ ਵੀ ਪਿੰਡ ਦੀ ਸੰਗਤ ਹਾਜ਼ਰ ਸੀ।

ਪਿੰਡ ਗਾਗੇਵਾਲ ਵਿਖੇ ਨਗਰ ਕੀਰਤਨ ਸਜਾਇਆ

ਟੱਲੇਵਾਲ, (ਸੋਨੀ ਚੀਮਾ)-ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਮੁੱਖ ਰੱਖਦਿਆਂ ਪਿੰਡ ਗਾਗੇਵਾਲ ਦੇ ਪਾਤਸ਼ਾਹੀ ਛੇਵੀਂ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰੇ ਸਾਹਿਬਾਨ ਦੀ ਅਗਵਾਈ ਵਿਚ ਸਾਲਾਨਾ ਨਗਰ ਕੀਰਤਨ ਸਜਾਇਆ ਗਿਆ। ਇਸ ਨਗਰ ਕੀਰਤਨ ਦਾ ਪਿੰਡ ਦੇ ਵੱਖ-ਵੱਖ ਪੜਾਵਾਂ 'ਤੇ ਭਰਵੇਂ ਸਵਾਗਤ ਤੋਂ ਇਲਾਵਾ ਵੱਖ-ਵੱਖ ਪਕਵਾਨਾਂ ਦੇ ਲੰਗਰ ਸੰਗਤ ਲਈ ਲਗਾਏ ਗਏ ਇਸ ਦੌਰਾਨ ਕਵੀਸ਼ਰੀ ਤੇ ਢਾਡੀ ਜਥਿਆਂ ਨੇ ਧਾਰਮਿਕ ਪ੍ਰਸੰਗਾਂ ਰਾਹੀਂ ਰੰਗ ਬੰਨ੍ਹਿਆ। ਇਸ ਮੌਕੇ ਸਰਬਜੀਤ ਸਿੰਘ, ਮੱਖਣ ਸਿੰਘ, ਬਲਜਿੰਦਰ ਸਿੰਘ, ਗੁਰਨਾਮ ਸਿੰਘ, ਇਕਬਾਲ ਸਿੰਘ, ਇੰਦਰਜੀਤ ਸਿੰਘ, ਕਮੇਟੀ ਮੈਂਬਰ ਕਰਮਜੀਤ ਸਿੰਘ, ਅੰਮ੍ਰਿਤਪਾਲ ਸਿੰਘ, ਅਮਰਜੀਤ ਸਿੰਘ, ਦਰਸ਼ਨ ਸਿੰਘ, ਕੁਲਦੀਪ ਸਿੰਘ, ਨਦੀਪ ਸਿੰਘ ਤੋਂ ਇਲਾਵਾ ਮਿੱਤਰਪਾਲ ਸਿੰਘ, ਜਗਸੀਰ ਸਿੰਘ, ਜਸਵੀਰ ਸਿੰਘ,ਸਰਬਜੀਤ ਸਿੰਘ,ਲਖਵੀਰ ਸਿੰਘ, ਗੁਰਚਰਨ ਸਿੰਘ, ਸੁਰਜੀਤ ਸਿੰਘ ਸਾਬਕਾ ਸਰਪੰਚ, ਇਕੱਤਰ ਸਿੰਘ ਸਾਬਕਾ ਸਰਪੰਚ, ਰਾਜਵਿੰਦਰ ਸਿੰਘ, ਸਾਹਬਿਦੀਪ ਸਿੰਘ, ਕੁਲਦੀਪ ਸਿੰਘ,ਖੁਹਾਲ ਸਿੰਘ, ਵਿਕਰਮਜੀਤ ਸਿੰਘ, ਨਰਿੰਦਰ ਸਿੰਘ, ਗਿਆਨੀ ਗੁਲਜ਼ਾਰ ਸਿੰਘ, ਬਾਬਾ ਤੇਜਿੰਦਰ ਸਿੰਘ ਆਦਿ ਵੀ ਹਾਜ਼ਰ ਸਨ।

ਪਿੰਡ ਚੀਮਾ ਵਿਖੇ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਮੀਟਿੰਗ ਕਰਨ ਉਪਰੰਤ। ਤਸਵੀਰ : ਸੋਨੀ ਚੀਮਾ

ਅਰਵਿੰਦ ਕੇਜਰੀਵਾਲ ਦਾ ਸੁਪਨਾ ਪੰਜਾਬ ਮੁੜ ਸੋਨੇ ਦੀ ਚਿੜੀ ਅਖਵਾਏ-ਪੰਡੋਰੀ

ਟੱਲੇਵਾਲ, 3 ਜਨਵਰੀ (ਸੋਨੀ ਚੀਮਾ)-ਆਮ ਆਦਮੀ ਪਾਰਟੀ ਦੇ ਸੁਪਰੀਮੋ ਸ੍ਰੀ ਅਰਵਿੰਦ ਕੇਜਰੀਵਾਲ ਵਲੋਂ ਦਿੱਲੀ ਵਿਖੇ ਕੀਤੇ ਕਾਰਜਾਂ ਤੋਂ ਅੱਜ ਦੇਸ਼ ਦਾ ਹਰ ਨੇਤਾ ਅਤੇ ਆਮ ਲੋਕ ਜਾਣੂ ਹਨ। ਇਹ ਸ਼ਬਦ ਕੁਲਵੰਤ ਸਿੰਘ ਪੰਡੋਰੀ ਵਿਧਾਇਕ ਮਹਿਲ ਕਲਾਂ ਨੇ ਪਿੰਡ ਚੀਮਾ ਦੇ ਸੁਖਜਿੰਦਰ ਸਿੰਘ ਬੁੱਧੂ ਮੀਤ ਪ੍ਰਧਾਨ ਯੂਥ ਵਿੰਗ ਦੇ ਗ੍ਰਹਿ ਵਿਖੇ ਪਾਰਟੀ ਵਰਕਰਾਂ ਤੇ ਆਗੂਆਂ ਦੀ ਮੀਟਿੰਗ ਦੌਰਾਨ ਸੰਬੋਧਨ ਕਰਦਿਆਂ। ਉਨ੍ਹਾਂ ਕਿਹਾ ਕਿ ਪਿਛਲੇ 70 ਸਾਲਾਂ ਤੋਂ ਪੰਜਾਬ ਤੇ ਰਾਜ ਕਰਨ ਵਾਲੀਆਂ ਅਕਾਲੀ-ਕਾਂਗਰਸ ਪਾਰਟੀਆਂ ਨੇ ਸਿਰਫ਼ ਪੰਜਾਬ ਨੂੰ ਲੁੱਟਿਆ ਹੈ ਅਤੇ ਇਸ ਨੂੰ ਦੁਬਾਰਾ ਪੈਰਾਂ ਸਿਰ ਕਰਨ ਲਈ ਅੱਜ ਅਰਵਿੰਦ ਕੇਜਰੀਵਾਲ ਵਰਗੇ ਨੇਤਾ ਦੀ ਲੋੜ ਹੈ, ਤਾਂ ਜੋ ਪੁਰਾਤਨ ਸਮੇਂ ਵਿਚ ਸੋਨੇ ਦੀ ਚਿੜੀ ਅਖਵਾਉਣ ਵਾਲਾ ਪੰਜਾਬ ਮੁੜ ਪੈਰਾ ਸਿਰ ਹੋ ਸਕੇ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਵਲੋਂ ਜੋ ਹੁਣ ਤੱਕ ਐਲਾਨ ਕੀਤੇ ਗਏ ਹਨ, ਉਨ੍ਹਾਂ ਨੂੰ ਹਰ ਹੀਲੇ ਪੂਰਾ ਕੀਤਾ ਜਾਵੇਗਾ। ਇਸ ਲਈ ਆਮ ਆਦਮੀ ਪਾਰਟੀ ਨੂੰ ਪੰਜਾਬ ਇਕ ਮੌਕਾ ਜ਼ਰੂਰ ਦੇਣ ਤਾਂ ਜੋ ਪੰਜਾਬ ਨੂੰ ਖ਼ੁਸ਼ਹਾਲੀ ਦੇ ਰਾਹ ਤੋਰਿਆ ਜਾ ਸਕੇ। ਇਸ ਮੌਕੇ ਪਿੰਡ ਦੇ ਪਾਰਕ ਵਿਚ ਸਬਮਰਸੀਬਲ ਮੋਟਰ ਲਗਵਾਉਣ ਲਈ ਪਿੰਡ ਵਾਸੀਆਂ ਵਲੋਂ ਮੰਗ ਪੱਤਰ ਵੀ ਸੌਂਪਿਆ ਗਿਆ। ਇਸ ਮੌਕੇ ਕੁਲਵੰਤ ਸਿੰਘ ਪੰਡੋਰੀ ਵਲੋਂ ਪਿੰਡ ਪੱਖੋਕੇ ਵਿਖੇ ਵੀ ਵਰਕਰਾਂ ਦੀ ਚੋਣਾਂ ਸਬੰਧੀ ਮੀਟਿੰਗ ਕਰ ਕੇ ਪਾਰਟੀ ਵਰਕਰਾਂ ਨੂੰ ਕਮਰਕਸੇ ਕਸ ਲੈਣ ਲਈ ਪ੍ਰੇਰਿਆ। ਇਸ ਮੌਕੇ ਦਰਸ਼ਨ ਸਿੰਘ ਹੈਰੀ ਪੰਡੋਰੀ, ਜਗਤਾਰ ਸਿੰਘ ਭੋਤਨਾ ਬਲਾਕ ਪ੍ਰਧਾਨ, ਜਸਵੀਰ ਸਿੰਘ ਮਾਹੀ ਜ਼ਿਲ੍ਹਾ ਜਨਰਲ ਸਕੱਤਰ, ਹਾਕਮ ਸਿੰਘ, ਲਖਵੀਰ ਸਿੰਘ, ਗੁਰਜੰਟ ਸਿੰਘ ਪ੍ਰਧਾਨ ਬੀ.ਸੀ ਵਿੰਗ, ਜੋਬਨਜੀਤ ਸਿੰਘ ਪ੍ਰਧਾਨ ਕਿਸਾਨ ਵਿੰਗ,ਪਰਮਿੰਦਰ ਸਿੰਘ ਭੰਗੂ ਸੀਨੀਅਰ ਆਗੂ, ਰਣਜੀਤ ਸਿੰਘ, ਗੋਰਾ ਸਿੰਘ, ਲੱਖਾ ਕੇਬਲ ਵਾਲਾ, ਦੀਪ ਸ਼ਰਮਾ, ਗਗਨਦੀਪ ਸਿੰਘ, ਪਰਮਜੀਤ ਸਿੰਘ ਪੰਮਾ, ਗੋਪੀ ਸਿੰਘ, ਸੁੱਖੀ ਚੀਮਾ, ਜੱਸਾ ਸਿੰਘ, ਪਿਆਰਾ ਸਿੰਘ, ਨਾਜਰ ਸਿੰਘ ਬਿੰਦ ਸਾਬਕਾ ਪੰਚ, ਚਮਕ ਸਿੰਘ ਜਾਗਲ, ਸੇਰਾ ਸਿੰਘ, ਕਾਕਾ ਸਿੰਘ, ਹੈਪੀ ਚੀਮਾ, ਰਮਨਾ ਆਦਿ ਤੋਂ ਇਲਾਵਾ ਹੋਰ ਵੀ ਵਰਕਰ ਹਾਜ਼ਰ ਸਨ।

ਪਿੰਡ ਚੀਮਾ ਵਿਖੇ ਭਾਕਿਯੂ ਉਗਰਾਹਾਂ ਦੇ ਆਗੂ ਕਲੱਬ ਆਗੂਆਂ ਦਾ ਸਨਮਾਨ ਕਰਨ ਮੌਕੇ। ਤਸਵੀਰ : ਸੋਨੀ ਚੀਮਾ

ਭਾਕਿਯੂ ਉਗਰਾਹਾਂ ਵਲੋਂ ਕਿਸਾਨੀ ਸੰਘਰਸ਼ 'ਚ ਯੋਗਦਾਨ ਪਾਉਣ ਵਾਲੇ ਸਮੂਹ ਕਲੱਬ ਆਗੂਆਂ ਦਾ ਸਨਮਾਨ

ਟੱਲੇਵਾਲ, 3 ਜਨਵਰੀ (ਸੋਨੀ ਚੀਮਾ)-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਪਿੰਡ ਇਕਾਈ ਚੀਮਾ ਵਲੋਂ ਪਿੰਡ ਦੇ ਸਮਾਜ ਸੇਵੀ ਨਿਊ ਯੂਥ ਅਤੇ ਸਪੋਰਟਸ ਕਲੱਬ ਦੇ ਆਗੂਆਂ ਦਾ ਕਿਸਾਨੀ ਸੰਘਰਸ਼ ਵਿਚ ਯੋਗਦਾਨ ਪਾਉਣ 'ਤੇ ਵਿਸ਼ੇਸ਼ ਤੌਰ 'ਤੇ ਸਿਰੋਪਾਉ ਪਾ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਜਾਣਕਾਰੀ ਦਿੰਦਿਆਂ ਦਰਸ਼ਨ ਸਿੰਘ ਚੀਮਾ ਬਲਾਕ ਆਗੂ, ਇਕਾਈ ਪ੍ਰਧਾਨ ਜੱਗੀ ਢਿੱਲੋਂ, ਕਾਲਾ ਸਿੰਘ ਵੜੈਚ, ਜਰਨੈਲ ਸਿੰਘ ਚੀਮਾ ਆਦਿ ਨੇ ਕਿਹਾ ਕਿ ਪਿੰਡ ਦੇ ਸਮਾਜ ਸੇਵੀ ਕਲੱਬ ਨਿਊ ਯੂਥ ਕਲੱਬ ਨਾਲ ਜੁੜੇ ਐਨ.ਆਰ.ਆਈ ਭਰਾਵਾਂ ਵਲੋਂ ਜਿੱਥੇ ਕਿਸਾਨੀ ਸੰਘਰਸ਼ ਵਿਚ ਆਰਥਿਕ ਤੌਰ 'ਤੇ ਜਥੇਬੰਦੀ ਦੀ ਸੇਵਾ ਰਾਸ਼ੀ ਅਤੇ ਵਾਹਨਾਂ ਵਿਚ ਤੇਲ ਪਾਉਣ ਲਈ ਕੀਤੀ ਗਈ, ਉੱਥੇ ਜ਼ਮੀਨੀ ਪੱਧਰ ਤੇ ਸਮੂਹ ਕਲੱਬ ਆਗੂਆਂ ਵਲੋਂ ਦਿੱਲੀ ਹਾਜ਼ਰੀ ਤੇ ਹੋਰ ਗਤੀਵਿਧੀਆਂ ਵਿਚ ਵੀ ਵਡਮੁੱਲਾ ਯੋਗਦਾਨ ਪਾਇਆ ਗਿਆ ਸੀ। ਜਿਸ ਦੇ ਚਲਦਿਆਂ ਸਮੂਹ ਕਲੱਬ ਆਗੂਆਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਆਗੂਆਂ ਤੋਂ ਇਲਾਵਾ ਸਮੂਹ ਕਲੱਬ ਆਗੂ ਵੀ ਹਾਜ਼ਰ ਸਨ।

ਮਹਿਰਾ ਬਰਾਦਰੀ ਵਲੋਂ ਕਰਵਾਏ ਗਏ ਧਾਰਮਿਕ ਸਮਾਗਮ ਇਸ ਮੌਕੇ ਸਮੂਹ ਕਮੇਟੀ ਮੈਂਬਰ ਅਤੇ ਸੇਵਾਦਾਰ। ਤਸਵੀਰ : ਪ੍ਰਵੀਨ ਗਰਗ

ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ

ਤਪਾ ਮੰਡੀ, 3 ਜਨਵਰੀ (ਪ੍ਰਵੀਨ ਗਰਗ)-ਬਾਬਾ ਖੁਵਾਜਾ ਪੀਰ ਮੰਦਰ ਤੇ ਬਾਬਾ ਮੋਤੀ ਰਾਮ ਮਹਿਰਾ ਕਮੇਟੀ ਵਲੋਂ ਸਮੂਹ ਮਹਿਰਾ ਬਰਾਦਰੀ ਅਤੇ ਨਗਰ ਦੇ ਸਹਿਯੋਗ ਨਾਲ ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਇਕ ਧਾਰਮਿਕ ਸਮਾਗਮ ਸ੍ਰੀ ਵਰੁਣ ਦੇਵ ਮੰਦਿਰ ਨੇੜੇ ਬਾਬਾ ਮੱਠ (ਪਿਛਲੇ ਪਾਸੇ ਖੂਹ ਤੇ) ਤਪਾ ਵਿਖੇ ਕਰਵਾਇਆ ਗਿਆ। ਜਿਸ ਵਿਚ ਮੁੱਖ ਮਹਿਮਾਨ ਵਜੋਂ ਸ਼੍ਰੋਮਣੀ ਅਕਾਲੀ ਦਲ ਹਲਕਾ ਭਦੌੜ ਦੇ ਇੰਚਾਰਜ ਐਡਵੋਕੇਟ ਸਤਨਾਮ ਸਿੰਘ ਰਾਹੀ, ਹਲਕਾ ਭਦੌੜ ਦੇ ਵਿਧਾਇਕ ਪਿਰਮਲ ਸਿੰਘ ਧੌਲਾ, ਮਾਰਕੀਟ ਕਮੇਟੀ ਤਪਾ ਦੇ ਚੇਅਰਮੈਨ ਅਮਰਜੀਤ ਸਿੰਘ ਧਾਲੀਵਾਲ, ਵਾਈਸ ਚੇਅਰਮੈਨ ਭੁਪਿੰਦਰ ਸਿੰਘ ਸਿੱਧੂ, ਮੈਨੇਜਰ ਜਗਨਨਾਥ ਤਪਾ, ਸੀਨੀਅਰ ਅਕਾਲੀ ਆਗੂ ਤਰਲੋਚਨ ਬਾਂਸਲ, ਹੇਮ ਰਾਜ ਸ਼ੰਟੀ ਮੌੜ, ਪਰਮਜੀਤ ਪੰਮਾ ਤਾਜੋ, ਹਲਕਾ ਭਦੌੜ ਤੋਂ ਆਪ ਪਾਰਟੀ ਦੇ ਉਮੀਦਵਾਰ ਲਾਭ ਸਿੰਘ ਉਗੋਕੇ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਧਾਰਮਿਕ ਸਮਾਗਮ ਮੌਕੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠਾਂ ਦੇ ਭੋਗ ਪਾਏ ਗਏ। ਉਪਰੰਤ ਬਾਬਾ ਗੁਰਜੰਟ ਸਿੰਘ ਤਪਾ-